# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 17-10-2025**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਸ਼ਾਮ ਨਵੀਂ ਦਿੱਲੀ ਵਿੱਚ ਆਦੀ ਕਰਮਯੋਗੀ ਅਭਿਆਨ 'ਤੇ ਰਾਸ਼ਟਰੀ ਕਾਨਫਰੰਸ ਵਿੱਚ ਹਿੱਸਾ ਲੈਣਗੇ। ਕਬਾਇਲੀ ਮਾਮਲਿਆਂ ਬਾਰੇ ਮੰਤਰਾਲਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਲੋਂ ਪੇਸ਼ ਕੀਤੇ ਗਏ ਵਿਕਸਤ ਭਾਰਤ ਦੇ ਦ੍ਰਿਸ਼ਟੀਕੋਣ ਦੇ ਤਹਿਤ ਇਸ ਕਾਨਫਰੰਸ ਦਾ ਆਯੋਜਨ ਕਰ ਰਿਹਾ ਏ । ਇਹ ਕਾਨਫਰੰਸ ਪ੍ਰਧਾਨ ਮੰਤਰੀ ਜਨ-ਮਨ ਅਤੇ ਧਰਤੀ ਆਬਾ ਅਭਿਆਨ ਦੇ ਤਾਲਮੇਲ ਵਿੱਚ ਆਯੋਜਿਤ ਕੀਤੀ ਜਾ ਰਹੀ ਏ । ਇਹ ਕਾਨਫਰੰਸ ਕਬਾਇਲੀ ਪਿੰਡ ਵਿਜ਼ਨ 2030 'ਤੇ ਵਿਚਾਰ ਤੋਂ ਲੈ ਕੇ ਲਾਗੂ ਕਰਨ ਤੱਕ ਕੇਂਦ੍ਰਿਤ ਹੋਵੇਗੀ। ਪ੍ਰੋਗਰਾਮ ਦਾ ਮੁੱਖ ਆਕਰਸ਼ਣ ਕਬਾਇਲੀ ਪਿੰਡ ਵਿਜ਼ਨ 2030 ਦੀ ਧਾਰਨਾ ਹੋਵੇਗੀ। ਕਾਨਫਰੰਸ ਦੌਰਾਨ, ਪੰਜ ਥੀਮੈਟਿਕ ਸਮੂਹ ਸਿੱਖਿਆ ਅਤੇ ਹੁਨਰ ਵਿਕਾਸ, ਸਿਹਤ ਅਤੇ ਪੋਸ਼ਣ, ਰੋਜ਼ੀ-ਰੋਟੀ ਅਤੇ ਉੱਦਮਤਾ, ਬੁਨਿਆਦੀ ਢਾਂਚਾ ਅਤੇ ਸ਼ਾਸਨ, ਅਤੇ ਸੰਸਥਾਗਤ ਮਜ਼ਬੂਤੀ ਸਮੇਤ ਤਰਜੀਹੀ ਖੇਤਰਾਂ 'ਤੇ ਵਿਚਾਰ-ਵਟਾਂਦਰਾ ਕਰਨਗੇ।

----------------------------------------------------------------------------------

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਜਾਣ ਵਾਲੇ ਲੜੀਵਾਰ ਸਮਾਗਮਾਂ ਦੀ ਸ਼ੁਰੂਆਤ ਪੰਜਾਬ ਸਰਕਾਰ ਵੱਲੋਂ 25 ਅਕਤੂਬਰ ਨੂੰ ਦਿੱਲੀ ਵਿੱਚ ਸਥਿਤ ਇਤਿਹਾਸਕ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਅਰਦਾਸ ਕਰ ਕੇ ਕੀਤੀ ਜਾਵੇਗੀ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੂਬਾ ਸਰਕਾਰ ਵੱਲੋਂ ਕਰਵਾਏ ਜਾ ਰਹੇ ਪ੍ਰੋਗਰਾਮ ਵਿਚ ਸ਼ਾਮਲ ਹੋਣ ਵਾਸਤੇ ਰਸਮੀ ਤੌਰ ‘ਤੇ ਸੱਦਾ ਦਿੱਤਾ ਜਾਵੇਗਾ। ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਹਨਾਂ ਸਮਾਗਮਾਂ ਦਾ ਅਧਿਕਾਰਤ ਪ੍ਰੋਗਰਾਮ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨਾਲ ਵਿਸਥਾਰ ਵਿੱਚ ਸਾਂਝਾ ਕੀਤਾ ਜਾਵੇਗਾ ਅਤੇ ਮੁੱਖ ਮੰਤਰੀ ਵੱਲੋਂ ਉਨਾਂ ਨੂੰ ਆਪਣੀ ਸਹੂਲਤ ਅਨੁਸਾਰ ਸ਼ਾਮਲ ਹੋਣ ਲਈ ਬੇਨਤੀ ਕੀਤੀ ਜਾਵੇਗੀ। ਬੀਤੇ ਕੱਲ੍ਹ ਨਵੀਂ ਦਿੱਲੀ ਵਿੱਚ ਪੰਜਾਬ ਭਵਨ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ, ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਅਤੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ

ਸ਼ਹੀਦੀ ਦਿਹਾੜੇ ਨੂੰ ਸਮਰਪਿਤ ਮਹੀਨਾ ਭਰ ਚੱਲਣ ਵਾਲੇ ਸਮਾਗਮਾਂ ਦੀ ਰੂਪ-ਰੇਖਾ ਉਲੀਕੀ ਜਾ ਚੁੱਕੀ ਏ।

-----------------------------------------------------------------------------------

ਕੇਂਦਰੀ ਮੱਛੀ ਪਾਲਣ, ਪਸ਼ੂ ਪਾਲਣ ਅਤੇ ਡੇਅਰੀ ਮੰਤਰਾਲੇ ਅਧੀਨ ਮੱਛੀ ਪਾਲਣ ਵਿਭਾਗ ਦੇ ਸਕੱਤਰ ਡਾ. ਅਭਿਲਕਸ਼ ਲਿਖੀ ਨੇ ਕੱਲ੍ਹ ਫਤਿਹਗੜ੍ਹ ਸਾਹਿਬ ਜ਼ਿਲ੍ਹੇ ਦਾ ਦੌਰਾ ਕੀਤਾ ਅਤੇ ਮੱਛੀ ਪਾਲਕਾਂ ਅਤੇ ਮੱਛੀ ਪਾਲਣ ਉੱਦਮੀਆਂ ਨਾਲ ਉਨ੍ਹਾਂ ਦੇ ਮੁੱਦਿਆਂ ਅਤੇ ਚੁਣੌਤੀਆਂ ਨੂੰ ਸਮਝਣ ਲਈ ਗੱਲਬਾਤ ਕੀਤੀ। ਡਾ. ਲਿਖੀ ਨੇ ਪ੍ਰਧਾਨ ਮੰਤਰੀ ਮੱਤਸਯ ਸੰਪਦਾ ਯੋਜਨਾ (PMMSY) ਸਮੇਤ ਪੰਜਾਬ ਵਿਚ ਵੱਖ-ਵੱਖ ਕੇਂਦਰੀ ਯੋਜਨਾਵਾਂ ਅਧੀਨ ਲਾਗੂ ਕੀਤੇ ਜਾ ਰਹੇ ਮੱਛੀ ਪਾਲਣ ਪ੍ਰੋਜੈਕਟਾਂ ਅਤੇ ਗਤੀਵਿਧੀਆਂ ਦੀ ਸਮੀਖਿਆ ਕੀਤੀ। ਉਨ੍ਹਾਂ ਨੂੰ ਸਥਾਨਕ ਕਿਸਾਨਾਂ ਦੁਆਰਾ ਅਪਣਾਏ ਗਏ ਨਵੀਨਤਾਕਾਰੀ ਅਭਿਆਸਾਂ ਬਾਰੇ ਜਾਣਕਾਰੀ ਦਿੱਤੀ ਗਈ । ਲਗਭਗ 35-40 ਪ੍ਰਗਤੀਸ਼ੀਲ ਮੱਛੀ ਪਾਲਕਾਂ ਨੇ ਗੱਲਬਾਤ ਵਿੱਚ ਹਿੱਸਾ ਲਿਆ ਅਤੇ ਆਪਣੇ ਤਜਰਬੇ ਸਾਂਝੇ ਕੀਤੇ। ਪੰਜਾਬ ਨੇ ਪ੍ਰਧਾਨ ਮੰਤਰੀ ਮੱਤਸਯ ਸੰਪਦਾ ਯੋਜਨਾ (PMMSY) ਅਧੀਨ ਮਹੱਤਵਪੂਰਨ ਪ੍ਰਗਤੀ ਦਿਖਾਈ ਏ। ਆਧੁਨਿਕ ਮੱਛੀ-ਪਾਲਣ ਅਭਿਆਸਾਂ ਨੇ ਪਿਛਲੇ ਪੰਜ ਸਾਲਾਂ ਵਿੱਚ ਕਿਸਾਨਾਂ ਦੀ ਆਮਦਨ ਵਿੱਚ ਲਗਭਗ 500 ਕਰੋੜ ਰੁਪਏ ਦਾ ਵਾਧਾ

ਕੀਤਾ ਏ ਤੇ 2020-21 ਤੋਂ ਮੱਛੀ ਉਤਪਾਦਨ ਵਿੱਚ 35 ਹਜ਼ਾਰ ਟਨ ਤੋਂ ਵਾਧਾ ਹੋਇਆ ਏ |

---------------------------------------------------------------------------

ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਐ ਕਿ ਸੂਬੇ ਦੀ ਸਿੱਖਿਆ ਪ੍ਰਣਾਲੀ ਨੂੰ ਆਧੁਨਿਕ ਡਿਜੀਟਲ ਯੁੱਗ ਦਾ ਹਾਣੀ ਬਣਾਉਣ ਦੇ ਉਦੇਸ਼ ਨਾਲ ਪੰਜਾਬ ਸਰਕਾਰ ਵੱਲੋਂ ਸੂਬੇ ਦੇ 3 ਹਜ਼ਾਰ 600 ਸਰਕਾਰੀ ਸਕੂਲ ਵਿੱਚ 98 ਕਰੋੜ ਰੁਪਏ ਦੀ ਲਾਗਤ ਨਾਲ 8 ਹਜ਼ਾਰ 230 ਤੋਂ ਵੱਧ ਅਤਿ-ਆਧੁਨਿਕ ਸਾਜ਼ੋ ਸਾਮਾਨ ਲਾਇਆ ਲਾਏ ਜਾਵੇਗਾ ਜਿਸ ਦਾ ਉਦੇਸ਼ ਕਲਾਸਰੂਮਾਂ ਵਿੱਚ ਸਿੱਖਿਅਕ ਗਤੀਵਿਧੀਆਂ ਨੂੰ ਹੋਰ ਦਿਲਚਸਪ ਬਣਾਉਣਾ, ਸੰਕਲਪ ਨੂੰ ਬਿਹਤਰ ਢੰਗ ਨਾਲ ਸਮਝਾਉਣਾ ਅਤੇ ਸਿੱਖਣ ਦੇ ਨਤੀਜਿਆਂ ਵਿੱਚ ਹੋਰ ਵਾਧਾ ਕਰਨਾ ਏ। ਉਨਾਂ ਦੱਸਿਆ ਕਿ ਮਾਰਚ 2026 ਤੱਕ, ਇਹ ਪਹਿਲਕਦਮੀ ਲੱਖਾਂ ਵਿਦਿਆਰਥੀਆਂ ਲਈ ਸਿੱਖਣ ਪ੍ਰਣਾਲੀ ਵਿੱਚ ਅਹਿਮ ਬਦਲਾਅ ਲਿਆਵੇਗੀ ਅਤੇ ਰਵਾਇਤੀ ਸਿੱਖਿਆ ਵਿਧੀਆਂ ਦੀ ਥਾਂ ਗਤੀਸ਼ੀਲ, ਇੰਟਰਐਕਟਿਵ ਡਿਜੀਟਲ ਕਲਾਸਰੂਮ ਪੇਸ਼ ਕਰੇਗੀ। ਸਿੱਖਿਆ ਮੰਤਰੀ ਨੇ ਡਿਜੀਟਲ ਪਹਿਲਕਦਮੀ ਦੇ ਡੂੰਘੇ ਪ੍ਰਭਾਵ ਨੂੰ ਉਜਾਗਰ ਕਰਦਿਆਂ ਕਿਹਾ ਕਿ ਇਸ

ਨਾਲ ਪੜ੍ਹਾਈ ਵਿੱਚ ਦਿਲਚਸਪੀ ‘ਚ ਵਾਧਾ ਹੋਵੇਗਾ ਅਤੇ ਵਿਦਿਆਰਥੀਆਂ ਦੀ ਭਾਗੀਦਾਰੀ ਵਧੇਗੀ।

--------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅੱਜ ਉਨ੍ਹਾਂ ਦੇ ਜਨਮ ਦਿਨ ’ਤੇ ਵਧਾਈਆਂ ਦਿੱਤੀਆਂ ਨੇ। ਇਕ ਸੋਸ਼ਲ ਮੀਡੀਆ ਪੋਸਟ ਵਿਚ ਪ੍ਰਧਾਨ ਮੰਤਰੀ ਨੇ ਉਨ੍ਹਾਂ ਦੇ ਲੰਮੇ ਸਿਹਤਮੰਦ ਜੀਵਨ ਦੀ ਕਾਮਨਾ ਕੀਤੀ ਏ।

--------------------------------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਹੋਰ ਤੇਜ਼ੀ ਨਾਲ ਝੋਨੇ ਦੀ ਲਿਫ਼ਟਿੰਗ ਯਕੀਨੀ ਬਣਾਈ ਜਾਵੇ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ 1 ਲੱਖ 46 ਹਜ਼ਾਰ 218 ਮੀਟਰਕ ਟਨ ਝੋਨੇ ਦੀ ਆਮਦ ਹੋਈ ਏ, ਜਿਸ ਵਿਚੋਂ ਵੱਖ-ਵੱਖ ਖਰੀਦ ਏਜੰਸੀਆਂ ਵਲੋਂ 1 ਲੱਖ 43 ਹਜ਼ਾਰ 763 ਮੀਟਰਿਕ ਟਨ ਝੋਨੇ ਦੀ ਖਰੀਦ ਕਰ ਲਈ ਗਈ ਏ। ਉਨ੍ਹਾਂ ਦੱਸਿਆ ਕਿ ਹੁਣ ਤੱਕ ਮਿੱਥੇ ਸਮੇਂ ਦੇ ਵਿਚ ਕਿਸਾਨਾਂ

ਨੂੰ ਖ਼ਰੀਦੇ ਗਏ ਝੋਨੇ ਦੀ 337 ਕਰੋੜ ਰੁਪਏ ਦੀ ਅਦਾਇਗੀ ਵੀ ਯਕੀਨੀ ਬਣਾਈ ਜਾ ਚੁੱਕੀ ਏ।

---------------------------------------------------------------------------

ਪਸ਼ੂ ਪਾਲਣ ਵਿਭਾਗ ਦੇ ਡਾਇਰੈਕਟਰ ਡਾ. ਪਰਮਦੀਪ ਸਿੰਘ ਵਾਲੀਆ ਦੀ ਅਗਵਾਈ ਹੇਠ ਮੂੰਹ-ਖੁਰ ਦੀ ਬਿਮਾਰੀ ਤੋਂ ਬਚਾਅ ਲਈ ਸੂਬੇ ਭਰ ਵਿਚ ਟੀਕਾਕਰਨ ਮੁਹਿੰਮ ਸ਼ੁਰੂ ਕੀਤੀ ਗਈ ਏ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਫਿਰੋਜ਼ਪੁਰ ਦੇ ਡਿਪਟੀ ਡਾਇਰੈਕਟਰ, ਪਸ਼ੂ ਪਾਲਣ ਡਾ. ਹਿਮਾਂਸ਼ੂ ਸਿਆਲ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ 45 ਦਿਨਾਂ ਵਿੱਚ ਜ਼ਿਲ੍ਹੇ ਦੇ 2 ਲੱਖ 39 ਹਜ਼ਾਰ 768 ਪਸ਼ੂਆਂ ਦਾ ਘਰ-ਘਰ ਜਾ ਕੇ ਟੀਕਾਕਰਨ ਕੀਤਾ ਜਾਵੇਗਾ।

---------------------------------------------------------------------------